# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20Pm**

**ਮਿਤੀ: 02-02-2025**

- ਦਿੱਲੀ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਭਲਕੇ ਸਮਾਪਤ ਹੋ ਰਿਹਾ ਏ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ R.K. ਪੁਰਮ ਵਿਖੇ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕੀਤਾ।
- ਇਸ ਸਾਲ ਜਨਵਰੀ ਮਹੀਨੇ ਵਿੱਚ ਵਸਤੂ ਤੇ ਸੇਵਾਵਾਂ ਕਰ GST ਦੇ ਰੂਪ ਵਿੱਚ ਇੱਕ ਲੱਖ 95 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਕੁੱਲ ਵਸੂਲੀ ਕੀਤੀ ਗਈ ਏ ।
- ਪੰਜਾਬ ਸਰਕਾਰ ਵੱਲੋਂ ਪੋਸਟ ਮੈਟ੍ਰਿਕ ਵਜੀਫਾ ਯੋਜਨਾ ਤਹਿਤ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਲਈ 55 ਕਰੋੜ 45 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਈ।
- ਅੱਜ ਪੰਜਾਬ ਸਮੇਤ ਦੇਸ਼ ਭਰ ਵਿੱਚ ਬਸੰਤ ਪੰਚਮੀ ਅਤੇ ਸਰਸਵਤੀ ਪੂਜਾ ਦਾ ਤਿਓਹਾਰ ਮਨਾਇਆ ਜਾ ਰਿਹਾ ਏ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਦੇਸ਼-ਵਾਸੀਆਂ ਨੂੰ ਬਸੰਤ ਪੰਚਮੀ ਅਤੇ ਸਰਸਵਤੀ ਪੂਜਾ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।
- ਗਿੱਲ੍ਹੇ ਕੂੜੇ ਤੋਂ ਬਿਜਲੀ ਬਣਾਉਣ ਵਾਲਾ ਪੰਜਾਬ ਦਾ ਪਹਿਲਾ ਪਲਾਂਟ ਮੰਡੀ ਗੋਬਿੰਦਗੜ੍ਹ ਵਿਖੇ ਹੋਇਆ ਸ਼ੁਰੂ-

---

ਦਿੱਲੀ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਭਲਕੇ ਸਮਾਪਤ ਹੋ ਰਿਹਾ ਏ । ਸਾਰੀਆਂ ਸਿਆਸੀ ਪਾਰਟੀਆਂ ਚੋਣਾਂ ਨੂੰ ਲੈ ਕੇ ਪੂਰੀ ਤਰ੍ਹਾਂ ਤਿਆਰ ਨੇ । ਆਮ ਆਦਮੀ ਪਾਰਟੀ, ਭਾਰਤੀ ਜਨਤਾ ਪਾਰਟੀ ਅਤੇ ਕਾਂਗਰਸ ਆਪੋ -ਆਪਣੇ ਉਮੀਦਵਾਰਾਂ ਲਈ

ਸਮਰਥਨ ਹਾਸਲ ਕਰਨ ਵਾਸਤੇ  ਇੱਕ ਤੋਂ ਬਾਅਦ ਇੱਕ ਰੈਲੀਆਂ ਅਤੇ ਰੋਡ ਸ਼ੋਅ ਕਰ ਰਹੀਆਂ ਨੇ।

ਭਾਜਪਾ ਦੇ ਸੀਨੀਅਰ ਨੇਤਾ ਅਤੇ ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਅੱਜ ਦੁਪਹਿਰ ਨੂੰ R.K. ਪੁਰਮ ਵਿਖੇ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕੀਤਾ। ਰੈਲੀ ਦੌਰਾਨ ਪ੍ਰਧਾਨ ਮੰਤਰੀ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਨਿਰਾਸ਼ਾ ਨਾਲ ਜੂਝ ਰਹੀ ਏ ਅਤੇ ਹਰ ਘੰਟੇ ਨਵੀਆਂ ਨੀਤੀਆਂ ਦਾ ਐਲਾਨ ਕਰਦੀ ਏ। ਸ੍ਰੀ ਮੋਦੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਵਾਰ BJP  ਨੂੰ ਸੂਬੇ ਵਿੱਚ ਸੇਵਾ ਕਰਨ ਦਾ ਮੌਕਾ ਦੇਣ।   ਉਨ੍ਹਾਂ ਕਿਹਾ, "ਗ਼ਰੀਬ ਹੋਵੇ ਜਾਂ ਮੱਧ ਵਰਗ, ਦਿੱਲੀ ਨੂੰ ਡਬਲ ਇੰਜਣ ਦੀ ਸਰਕਾਰ ਮਿਲੇਗੀ ਜੋ ਹਰ ਪਰਿਵਾਰ ਲਈ ਬਿਹਤਰ ਜੀਵਨ ਯਕੀਨੀ ਬਣਾਏਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। BYTE

------------------------------------------------------------------

ਜਨਵਰੀ 2025 ਦੇ ਮਹੀਨੇ ਵਿੱਚ 1 ਲੱਖ 95 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਕੁੱਲ ਵਸਤੂ ਤੇ ਸੇਵਾ ਟੈਕਸ ਮਾਲੀਆ ਵਸੂਲਿਆ ਗਿਆ, ਜੋ ਕਿ ਜਨਵਰੀ 2024 ਦੇ ਮੁਕਾਬਲੇ 12.3 ਫੀਸਦੀ ਦਾ ਵਾਧਾ ਦਰਸਾਉਂਦਾ ਏ। ਇਸ ਮਹੀਨੇ ਲਈ ਕੇਂਦਰੀ ਜੀਐਸਟੀ ਵਸੂਲੀ 36 ਹਜ਼ਾਰ 77 ਕਰੋੜ ਰੁਪਏ ਰਹੀ ਅਤੇ ਰਾਜ ਜੀਐਸਟੀ 44 ਹਜ਼ਾਰ 942 ਕਰੋੜ ਰੁਪਏ ਏ। ਸੰਗਠਿਤ ਜੀਐਸਟੀ ਵਸੂਲੀ 1 ਲੱਖ ਕਰੋੜ ਰੁਪਏ ਤੋਂ ਵੱਧ ਏ ਅਤੇ ਸੈੱਸ 13 ਹਜ਼ਾਰ 412 ਕਰੋੜ ਰੁਪਏ ਏ।  ਸਭ ਤੋਂ ਵੱਧ 39 ਫੀਸਦੀ ਵਾਧਾ ਲੱਦਾਖ ਵਿੱਚ ਦਰਜ ਕੀਤਾ ਗਿਆ.

---

ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਲਈ ਪੋਸਟ ਮੈਟ੍ਰਿਕ ਵਜੀਫਾ ਯੋਜਨਾ ਤਹਿਤ ਸਾਲ 2024-25 ਦੇ 86 ਹਜ਼ਾਰ 583 ਵਿਦਿਆਰਥੀਆਂ ਲਈ ਚਾਲੂ ਵਿੱਤੀ ਸਾਲ ਦੇ ਬਜਟ ਉਪਬੰਧ ਵਿੱਚੋਂ 55 ਕਰੋੜ 45 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਏ।

ਸੂਬੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ.ਬਲਜੀਤ ਕੌਰ ਨੇ ਦੱਸਿਆ ਕਿ ਇਸ ਯੋਜਨਾ ਦਾ ਮੁੱਖ ਟੀਚਾ ਅਤਿ ਗਰੀਬ ਪਰਿਵਾਰਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਪੂਰੀ ਕਰਨ ਲਈ ਸਹਾਇਤਾ ਪ੍ਰਦਾਨ ਕਰਨਾ ਏ। ਇਸ ਤੋਂ ਇਲਾਵਾ ਬਾਕੀ ਰਹਿੰਦੇ ਵਿਦਿਆਰਥੀਆਂ ਨੂੰ ਵੀ ਜਲਦ ਅਦਾਇਗੀ ਕੀਤੀ ਜਾਵੇਗੀ। ਡਾ. ਬਲਜੀਤ ਕੌਰ ਨੇ ਕਿਹਾ ਕਿ ਇਸ ਰਾਸ਼ੀ ਦੇ ਜਾਰੀ ਹੋਣ ਨਾਲ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦਾ ਜੀਵਨ ਪੱਧਰ ਉੱਚਾ ਚੁੱਕਿਆ ਜਾ ਸਕੇਗਾ। ਮੰਤਰੀ ਨੇ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਏ।

---------------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਕਿ ਸੂਬੇ ਵਿੱਚ ਸਕੂਲੀ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਦੇ ਉਦੇਸ਼ ਨਾਲ, ਪੰਜਾਬ ਸਰਕਾਰ ਵੱਲੋਂ 36 ਸਕੂਲ ਪ੍ਰਿੰਸੀਪਲਾਂ ਨੂੰ ਪੰਜ-ਰੋਜ਼ਾ ਸਿਖਲਾਈ ਲਈ ਸਿੰਗਾਪੁਰ ਭੇਜਣ ਦਾ ਫੈਸਲਾ ਕੀਤਾ ਗਿਆ ਏ।

ਉਨ੍ਹਾਂ ਦੱਸਿਆ ਕਿ ਲੀਡਰਸ਼ਿਪ ਵਿਕਾਸ ਪ੍ਰੋਗਰਾਮ ਤਹਿਤ ਹੁਣ ਤੱਕ ਪੰਜਾਬ ਦੇ 198

ਪ੍ਰਿੰਸੀਪਲ ਅਤੇ ਸਿੱਖਿਆ ਅਧਿਕਾਰੀ ਸਿੰਗਾਪੁਰ ਦੀ ਪ੍ਰਿੰਸੀਪਲਜ਼ ਅਕੈਡਮੀ ਤੋਂ ਸਿਖਲਾਈ ਲੈ ਚੁੱਕੇ ਨੇ। ਉਨ੍ਹਾਂ ਦੱਸਿਆ ਕਿ ਸਿੱਖਿਆ ਵਿਭਾਗ ਵਿੱਚ ਵੱਖ-ਵੱਖ ਪੱਧਰਾਂ 'ਤੇ ਕੰਮ ਕਰ ਰਹੇ ਅਧਿਆਪਕਾਂ, ਸਕੂਲ ਮੁਖੀਆਂ ਅਤੇ ਸਕੂਲ ਸਿੱਖਿਆ ਪ੍ਰਬੰਧਕਾਂ ਨੂੰ ਕੌਮਾਂਤਰੀ ਪੱਧਰ ਦੀ ਸਿਖਲਾਈ ਪ੍ਰਦਾਨ ਕਰਨ ਲਈ ਸੂਬਾ ਵਿਦਿਅਕ ਖੋਜ ਤੇ ਸਿਖਲਾਈ ਕੌਂਸਲ ਵਿਖੇ ਵਿਦਿਅਕ ਮਾਮਲਿਆਂ ਬਾਰੇ ਕੌਮਾਂਤਰੀ ਸੈੱਲ ਸਥਾਪਤ ਕੀਤਾ ਗਿਆ ਏ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪ੍ਰਿੰਸੀਪਲਾਂ ਲਈ ਸਿੰਗਾਪੁਰ ਦਾ ਦੌਰਾ ਉਹਨਾਂ ਦੇ ਲੀਡਰਸ਼ਿਪ ਅਤੇ ਵਿਦਿਅਕ ਹੁਨਰਾਂ ਵਿੱਚ ਵਾਧਾ ਕਰਨ 'ਤੇ ਕੇਂਦਰਿਤ ਏ। ਦੌਰੇ ਦੌਰਾਨ, ਉਹ ਵੱਖ-ਵੱਖ ਵਰਕਸ਼ਾਪਾਂ, ਸੈਮੀਨਾਰਾਂ ਅਤੇ ਗਤੀਵਿਧੀਆਂ ਵਿੱਚ ਹਿੱਸਾ ਲੈਣਗੇ । ਸ੍ਰੀ ਬੈਂਸ ਨੇ ਕਿਹਾ ਕਿ ਆਪਣੇ ਤਜ਼ਰਬਿਆਂ ਅਤੇ ਵਿਚਾਰਾਂ ਨੂੰ ਸਾਂਝਾ ਕਰਕੇ ਉਹ ਸੂਬੇ ਦੇ ਸਕੂਲਾਂ ਵਿੱਚ ਸਿੱਖਣ ਦੇ ਇੱਕ ਸਹਿਯੋਗੀ ਮਾਹੌਲ ਨੂੰ ਸਿਰਜਣ ਵਿੱਚ ਮਦਦ ਕਰਨਗੇ। ਇਸ ਨਾਲ ਪ੍ਰਣਾਲੀਗਤ ਪ੍ਰਭਾਵ ਪਵੇਗਾ ਅਤੇ ਸਕੂਲਾਂ ਵਿੱਚ ਅੰਤਰ-ਸਿਖਲਾਈ, ਉੱਚ ਪ੍ਰੇਰਣਾ ਅਤੇ ਅਧਿਆਪਨ-ਸਿਖਲਾਈ ਪ੍ਰਕਿਰਿਆਵਾਂ ਵਿੱਚ ਵੀ ਸੁਧਾਰ ਹੋਵੇਗਾ।

---------------------------------------------------------------------

ਅੱਜ ਦੇਸ਼ ਭਰ ਵਿੱਚ ਬਸੰਤ ਪੰਚਮੀ ਅਤੇ ਸਰਸਵਤੀ ਪੂਜਾ ਦਾ ਤਿਓਹਾਰ ਮਨਾਇਆ ਜਾ ਰਿਹਾ ਏ। ਇਸ ਦਿਨ ਲੋਕ ਦੇਵੀ ਸਰਸਵਤੀ ਦੀ ਪੂਜਾ ਕਰਦੇ ਨੇ। ਬਸੰਤ ਪੰਚਮੀ ਦਾ ਤਿਓਹਾਰ ਬਸੰਤ ਦੀ ਆਮਦ , ਨਵੇਂ ਮੌਸਮ ਅਤੇ ਕੁਦਰਤ ਦੀ ਸੁੰਦਰਤਾ ਨੂੰ ਦਰਸਾਉਂਦਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੇਸ਼-ਵਾਸੀਆਂ

ਨੂੰ ਬਸੰਤ ਪੰਚਮੀ ਅਤੇ ਸਰਸਵਤੀ ਪੂਜਾ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ । ਸੋਸ਼ਲ ਮੀਡੀਆ 'ਤੇ ਸਾਂਝਾ ਕੀਤੇ ਗਏ ਇੱਕ ਸੰਦੇਸ਼ ਵਿੱਚ ਰਾਸ਼ਟਰਪਤੀ ਮੁਰਮੂ ਨੇ ਕਾਮਨਾ ਕੀਤੀ ਕਿ ਸਿੱਖਿਆ ਅਤੇ ਗਿਆਨ ਨਾਲ ਜੁੜਿਆ ਇਹ ਤਿਉਹਾਰ, ਦੇਸ਼-ਵਾਸੀਆਂ ਲਈ ਖੁਸ਼ਹਾਲੀ ਅਤੇ ਗਿਆਨ ਲਿਆਵੇਗਾ। ਇਸ ਦਿਨ ਦੀ ਮਹੱਤਤਾ ਦਾ ਜ਼ਿਕਰ ਕਰਦੇ ਹੋਏ ਰਾਸ਼ਟਰਪਤੀ ਨੇ, ਭਾਰਤ ਨੂੰ ਵਿਸ਼ਵ ਦੇ ਗਿਆਨ ਕੇਂਦਰ ਦੇ ਰੂਪ ਵਿੱਚ ਸਥਾਪਿਤ ਕਰਨ ਦੀ ਪ੍ਰਾਰਥਨਾ ਕੀਤੀ । ਇਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਲੋਕਾਂ ਨੂੰ ਵਧਾਈ ਦਿੱਤੀ ਏ ।

---

ਜ਼ਿਲਾ ਫ਼ਤਹਿਗੜ੍ਹ ਸਾਹਿਬ ਦੀ ਮੰਡੀ ਗੋਬਿੰਦਗੜ੍ਹ ਨਗਰ ਕੌਂਸਲ ਵੱਲੋਂ ਸ਼ਹਿਰੀ ਵਾਸੀਆਂ ਨੂੰ ਗਿੱਲ੍ਹੇ ਤੇ ਸੁੱਕੇ ਕੂੜੇ ਨੂੰ ਵੱਖੋ ਵੱਖ ਕਰਕੇ, ਸਫਾਈ ਸੇਵਕਾਂ ਨੂੰ ਮੁਹੱਈਆ ਕਰਵਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਏ ।

ਇਸਦੇ ਨਾਲ ਨਾਲ ਇੱਕ ਨਵੇਕਲੀ ਪਹਿਲਕਦਮੀ ਕਰਦਿਆਂ ਇੱਕ ਵਿਸ਼ੇਸ਼ ਪਲਾਂਟ ਗੋਬਿੰਦਗੜ੍ਹ ਵਿਖੇ ਸਥਾਪਤ ਕੀਤਾ ਗਿਆ ਏ । ਇਸ ਪਲਾਂਟ ਵਿੱਚ ਆਉਣ ਵਾਲੇ ਗਿੱਲ੍ਹੇ ਕੂੜੇ ਨਾਲ ਰੋਜ਼ਾਨਾਂ 1000 ਯੂਨਿਟ ਬਿਜਲੀ ਤਿਆਰ ਹੋ ਰਹੀ ਏ । ਗਿੱਲ੍ਹੇ ਕੂੜੇ ਤੋਂ ਬਿਜਲੀ ਕਰਨ ਵਾਲਾ ਇਹ ਪਲਾਂਟ, ਸੂਬੇ ਦਾ ਪਹਿਲਾ ਪਲਾਂਟ ਏ ਜਿਥੇ ਕਿ ਸ਼ਹਿਰ ਵਿੱਚੋਂ ਇਕੱਤਰ ਕੀਤੇ ਗਿੱਲ੍ਹੇ ਕੂੜੇ ਤੋਂ ਬਿਜਲੀ ਤਿਆਰ ਹੋ ਰਹੀ ਏ ।

ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਕੂੜੇ ਦੀ ਸਮੱਸਿਆ ਇੱਕ ਗੰਭੀਰ ਚੁਣੋਤੀ ਬਣ ਚੁੱਕੀ ਏ ਕਿਉਂਕਿ ਆਮ ਤੌਰ ਤੇ ਲੋਕ ਆਪਣੇ ਘਰਾਂ ਦਾ ਗਿੱਲਾ ਤੇ ਸੁੱਕਾ ਕੂੜਾ ਪਲਾਸਟਿਕ ਦੇ ਲਿਫਾਫਿਆਂ ਵਿੱਚ ਪਾ ਕੇ ਸੜ੍ਹਕਾਂ ਕਿਨਾਰੇ ਸੁੱਟ ਦਿੰਦੇ ਨੇ ਜਿਸ ਕਾਰਨ ਵਾਤਾਵਰਨ ਤੇ ਮਾੜਾ ਅਸਰ ਪੈਂਦਾ ਏ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਵੱਲੋਂ 2 ਕਰੋੜ 98 ਲੱਖ ਰੁਪਏ ਦੀ ਲਾਗਤ ਨਾਲ ਇਸ ਪਲਾਂਟ ਦੀ ਸਥਾਪਨਾ ਕੀਤੀ ਏ। ਉਨ੍ਹਾਂ ਦੱਸਿਆ ਕਿ ਇਸ ਪਲਾਂਟ ਵਿੱਚ ਹਰ ਰੋਜ਼ ਦਿਨ 15 ਟਨ ਗਿੱਲ੍ਹੇ ਕੂੜੇ ਦੀ ਵਰਤੋਂ ਕੀਤੀ ਜਾ ਰਹੀ ਏ। ਉਨ੍ਹਾਂ ਦੱਸਿਆ ਕਿ ਇਸ ਪਲਾਂਟ ਵਿੱਚ ਤਿਆਰ ਕੀਤੀ ਬਿਜਲੀ ਨਾਲ ਹੀ, ਇਹ ਪਲਾਂਟ ਚੱਲ ਰਿਹਾ ਏ ਅਤੇ ਵਾਧੂ ਬਿਜਲੀ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਨੂੰ 5 ਰੁਪਏ ਪ੍ਰਤੀ ਯੂਨਿਟ ਦੇ ਹਿਸਾਬ ਨਾਲ ਦੇਣ ਲਈ ਸਮਝੌਤਾ ਕੀਤਾ ਗਿਆ ਏ। ਡਾ. ਸੋਨਾ ਥਿੰਦ ਨੇ ਕਿਹਾ ਕਿ ਇਸ ਪਲਾਂਟ ਦੇ ਸਫਲਤਾ ਪੂਰਵਕ ਚੱਲਣ ਮਗਰੋਂ ਅਜਿਹੇ ਹੋਰ ਪਲਾਂਟ ਵੀ ਜ਼ਿਲ੍ਹੇ ਵਿੱਚ ਲਗਾਉਣ ਦੀ ਯੋਜਨਾ ਤਿਆਰ ਕੀਤੀ ਜਾ ਰਹੀ ਏ।

---------------------------------------------------------------------------

ਅੱਜ ਵਿਸ਼ਵ ਜਲਗਾਹ ਦਿਵਸ ਮਨਾਇਆ ਜਾ ਰਿਹਾ ਏ । ਇਸਦੀ ਸ਼ੁਰੂਆਤ ਸਾਲ 1971 ਵਿੱਚ ਹੋਈ ਸੀ , ਜਦੋਂ ਵਾਤਾਵਰਣ ਵਿਗਿਆਨੀਆਂ ਨੇ ਜਲਗਾਹਾਂ ਦੀ ਸੰਭਾਲ ਦਾ ਸੱਦਾ ਦਿੱਤਾ ਸੀ। ਇਸ ਸਾਲ ਦੇ ਵਿਸ਼ਵ ਜਲਗਾਹ ਦਿਵਸ ਦਾ ਵਿਸ਼ਾ 'ਸਾਂਝੇ ਭਵਿੱਖ ਲਈ ਜਲਗਾਹਾਂ ਦੀ ਸੰਭਾਲ' ਰੱਖਿਆ ਗਿਆ ਏ । ਵਾਤਾਵਰਣ

ਵਿਗਿਆਨੀਆਂ ਦਾ ਕਹਿਣਾ ਏ ਕਿ ਜਲਗਾਹਾਂ ਤੋਂ ਆਉਣ ਵਾਲੀਆਂ ਪੀੜੀਆਂ ਨੂੰ ਲਾਭ ਪਹੁੰਚਾਉਣ ਲਈ ਅਜਿਹੇ ਕੁਦਰਤੀ ਨਿਵਾਸ ਸਥਾਨਾਂ ਦੀ ਸੰਭਾਲ ਜ਼ਰੂਰੀ ਏ ।

---

ਇੰਡੀਅਨ ਨੈਸ਼ਨਲ ਟਰਸਟ ਫੋਰ ਆਰਟ ਐਂਡ ਕਲਚਰ ਹੈਰੀਟੇਜ-ਇੰਟਕ ਵੱਲੋਂ ਹਰੀਕੇ ਵਿਖੇ ਵਿਸ਼ਵ ਜਲਗਾਹ ਦਿਵਸ ਮਨਾਇਆ ਗਿਆ । ਇਹ ਸਮਾਗਮ ਵਿੱਚ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ, ਸਮਾਜਿਕ ਸੰਸਥਾਵਾਂ ਅਤੇ ਸਥਾਨਕ ਲੋਕਾਂ ਨੇ ਸ਼ਿਰਕਤ ਕੀਤੀ । ਇੰਟਕ ਦੇ ਪੰਜਾਬ ਕਨਵੀਨੀਅਰ ਮੇਜਰ ਜਨਰਲ ਬਲਵਿੰਦਰ ਸਿੰਘ ਨੇ ਦੱਸਿਆ ਕਿ ਧਰਤੀ ਤੇ ਸਵਰਗ ਕਿਹਾ ਜਾਣ ਵਾਲਾ ਹਰੀਕੇ ਵੈਟਲੈਂਡ ਟੂਰਿਜ਼ਮ ਦੀ ਨਜ਼ਰ ਵਿੱਚ ਅਣਗੋਲਿਆ ਹੋਇਆ ਏ । ਪੰਜਾਬ ਦੀ ਇਸ ਮਸ਼ਹੂਰ ਸੈਰਗਾਹ ਨੂੰ ਵਿਕਸਿਤ ਕਰਨ ਲਈ ਇੰਟਕ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਨੇ । ਬਲਵਿੰਦਰ ਸਿੰਘ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਹਰੀਕੇ ਜਲਗਾਹ ਨੂੰ ਸੈਲਾਨੀਆਂ ਦੀ ਖਿੱਚ ਦਾ ਕੇਂਦਰ ਬਣਾਇਆ ਜਾ ਰਿਹਾ ਏ ਤਾਂ ਕਿ ਇਸ ਥਾਂ ਤੋਂ ਦੇਸ਼ ਵਿਦੇਸ਼ ਤੋਂ ਆਉਣ ਵਾਲੇ ਲੋਕ ਸੈਲਾਨੀ ਪੰਛੀਆਂ ਦੀਆਂ ਵੱਖ ਵੱਖ ਪ੍ਰਜਾਤੀਆਂ ਤੋਂ ਜਾਣੂ ਹੋ ਸਕਣ। BYTE:-ਇਸ ਮੌਕੇ ਵੱਖ ਵੱਖ ਵਿਸ਼ਿਆਂ ਦੇ ਮਾਹਰਾਂ ਵੱਲੋਂ ਧਰਤੀ ਤੇ ਪਾਣੀ ਦੇ ਘੱਟ ਰਹੇ ਪੱਧਰ, ਜੀਵ ਜੰਤੂਆਂ ਅਤੇ ਪੰਛੀਆਂ ਦੀ ਸੁਰੱਖਿਆ, ਵਾਤਾਵਰਨ ਸੁਰੱਖਿਆ ਅਤੇ ਪੰਜਾਬ ਦੀਆਂ ਜਲਗਾਹਾਂ ਨੂੰ ਸੁਰੱਖਿਤ ਰੱਖਣ ਉੱਪਰ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਕਨਵੀਨੀਅਰ ਡਾਕਟਰ ਬਲਜੀਤ ਕੌਰ, ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

-----------------------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ 'ਚ ਵੱਖ-ਵੱਖ ਥਾਵਾਂ ਤੇ ਸੰਘਣੀ ਧੁੰਦ ਪੈਣ ਭਵਿੱਖਬਾਣੀ ਕੀਤੀ ਏ । ਅੱਜ ਸਵੇਰੇ ਰਾਸ਼ਟਰੀ ਰਾਜਧਾਨੀ ਵਿੱਚ ਸੰਘਣੀ ਧੁੰਦ ਛਾਈ ਰਹੀ ਜਿਸ ਨਾਲ ਦਿੱਖਤਾ ਪ੍ਰਭਾਵਿਤ ਹੋਈ। ਵੱਧ ਤੋਂ ਵੱਧ ਤਾਪਮਾਨ 24 ਡਿਗਰੀ ਸੈਲਸੀਅਸ ਅਤੇ ਘੱਟੋ ਘੱਟ 10 ਡਿਗਰੀ ਸੈਲਸੀਅਸ ਰਹਿਣ ਦੀ ਸੰਭਾਵਨਾ ਏ । ਅਗਲੇ ਪੰਜ ਦਿਨਾਂ ਦੌਰਾਨ ਉੱਤਰ-ਪੱਛਮੀ ਭਾਰਤ ਵਿੱਚ ਘੱਟੋ-ਘੱਟ ਤਾਪਮਾਨ ਵਿੱਚ 3 ਤੋਂ 4 ਡਿਗਰੀ ਸੈਲਸੀਅਸ ਦੇ ਵਾਧੇ ਦੀ ਉਮੀਦ ਏ । ਦਿੱਲੀ ਵਿੱਚ ਅੱਜ ਸਵੇਰੇ ਹਵਾ ਦੀ ਗੁਣਵੱਤਾ ਬਹੁਤ ਖਰਾਬ ਸ਼੍ਰੇਣੀ ਵਿੱਚ ਰਹੀ । ਸਵੇਰੇ 7 ਵਜੇ ਹਵਾ ਗੁਣਵੱਤਾ ਸੂਚਕ ਅੰਕ 341 ਦਰਜ ਕੀਤਾ ਗਿਆ।

---

ਉੱਤਰਾਖੰਡ ਵਿਖੇ ਚਲ ਰਹੀਆਂ ਰਾਸ਼ਟਰੀ ਖੇਡਾਂ 'ਚ ਮਹਾਰਾਸ਼ਟਰ ਦੇ ਵੈਸ਼ਵ ਸ਼ਾਹਜੀ ਠਾਕੁਰ ਨੇ ਵੇਟਲਿਫਟਿੰਗ ਵਿੱਚ ਮਰਦਾਂ ਦੇ 102 ਕਿਲੋਗ੍ਰਾਮ ਵਰਗ 'ਚ, ਇੱਕ ਨਵੇਂ ਰਾਸ਼ਟਰੀ ਰਿਕਾਰਡ ਨਾਲ ਸੋਨ ਤਮਗਾ ਜਿੱਤਿਆ ਏ । ਨਿਸ਼ਾਨੇਬਾਜ਼ੀ ਵਿੱਚ ਮੱਧ ਪ੍ਰਦੇਸ਼ ਦੀ ਅਸ਼ੀ ਚੌਕਸੇ ਨੇ ਮਹਿਲਾਵਾਂ ਦੀ 50 ਮੀਟਰ ਰਾਈਫਲ ਥ੍ਰੀ ਪੋਜ਼ੀਸ਼ਨ ਵਿੱਚ ਨਵਾਂ ਰਾਸ਼ਟਰੀ ਰਿਕਾਰਡ ਬਣਾ ਕੇ ਸੋਨ ਤਮਗਾ ਜਿੱਤਿਆ।

ਪੰਜਾਬ ਵੀ ਇਨਾ ਖੇਡਾਂ ਵਿਚ ਆਪਣਾ ਬੇਹਤ ਪ੍ਰਦਰਸ਼ਨ ਕਰ ਰਿਹਾ ਏ । ਪੰਜਾਬ ਨੇ ਹੁਣ ਤਕ ਵੇਟਲਿਫਟਿੰਗ ਵਿੱਚ 2 ਸੋਨੇ 3 ਚਾਂਦੀ ਅਤੇ ਇਕ ਕਾਸੀ ਦਾ ਤਮਗਾ ਜਿਤਿਆ ਏ, ਇਸੇ ਤਰਾਂ ਬਾਸਕਿਟਬਾਲ ਵਿਚ ਇਕ ਸੋਨੇ ਦਾ ਤਮਗਾ , ਵੂਸ਼ੂ ਵਿਚ ਇਕ ਚਾਂਦੀ ਅਤੇ 5 ਕਾਂਸੀ ਦੇ ਤਮਗੇ , ਸਾਈਕਲਿੰਗ ਵਿਚ ਇਕ ਕਾਂਸੀ ਦਾ ਤਮਗਾ , aquatic ਵਿਚ ਚਾਂਦੀ ਤੇ

ਕਾਂਸੀ ਦਾ ਇਕ ਇਕ ਤਮਗਾ ਅਤੇ ਨਿਸ਼ਾਨੇਬਾਜ਼ੀ ਵਿਚ ਸੋਨੇ ਚਾਂਦੀ ਤੇ ਕਾਂਸੀ ਦਾ ਇਕ ਇਕ ਤਮਗਾ ਜਿਤਿਆ ਏ। ਮੈਡਲ ਸੂਚੀ ਵਿੱਚ ਸਰਵਿਸਿਜ਼ ਸਪੋਰਟਸ ਕੰਟਰੋਲ ਬੋਰਡ 16 ਸੋਨ ਤਮਗੇ ਜਿੱਤ ਕੇ ਪਹਿਲੇ ,ਕਰਨਾਟਕ 13 ਤਮਗਿਆਂ ਨਾਲ ਦੂਜੀ ਤੇ ਅਤੇ ਮਹਾਰਾਸ਼ਟਰ 12 ਸੋਨ ਤਮਗਿਆਂ ਨਾਲ ਤੀਜੀ ਥਾਂ ਤੇ ਬਣੇ ਹੋਏ ਨੇ।

---------------------------------------------------------------------

- ਦਿੱਲੀ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਭਲਕੇ ਸਮਾਪਤ ਹੋ ਰਿਹਾ ਏ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ R.K. ਪੁਰਮ ਵਿਖੇ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕੀਤਾ।
- ਇਸ ਸਾਲ ਜਨਵਰੀ ਮਹੀਨੇ ਵਿੱਚ ਵਸਤੂ ਤੇ ਸੇਵਾਵਾਂ ਕਰ GST ਦੇ ਰੂਪ ਵਿੱਚ ਇੱਕ ਲੱਖ 95 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਕੁੱਲ ਵਸੂਲੀ ਕੀਤੀ ਗਈ ਏ।
- ਪੰਜਾਬ ਸਰਕਾਰ ਵੱਲੋਂ ਪੋਸਟ ਮੈਟ੍ਰਿਕ ਵਜੀਫਾ ਯੋਜਨਾ ਤਹਿਤ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਲਈ 55 ਕਰੋੜ 45 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਈ।
- ਅੱਜ ਪੰਜਾਬ ਸਮੇਤ ਦੇਸ਼ ਭਰ ਵਿੱਚ ਬਸੰਤ ਪੰਚਮੀ ਅਤੇ ਸਰਸਵਤੀ ਪੂਜਾ ਦਾ ਤਿਓਹਾਰ ਮਨਾਇਆ ਜਾ ਰਿਹਾ ਏ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਦੇਸ਼-ਵਾਸੀਆਂ ਨੂੰ ਬਸੰਤ ਪੰਚਮੀ ਅਤੇ ਸਰਸਵਤੀ ਪੂਜਾ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।
- ਗਿੱਲ੍ਹੇ ਕੂੜੇ ਤੋਂ ਬਿਜਲੀ ਬਣਾਉਣ ਵਾਲਾ ਪੰਜਾਬ ਦਾ ਪਹਿਲਾ ਪਲਾਂਟ ਮੰਡੀ ਗੋਬਿੰਦਗੜ੍ਹ ਵਿਖੇ ਹੋਇਆ ਸ਼ੁਰੂ-